## ਸ੍ਰੀ ਮੁਕਤਸਰ ਸਾਹਿਬ ਸਾਂਝ ਪੁਲੀਸ ਵੱਲੋਂ ਦਿਵਾਲੀ ਮੌਕੇ 350 ਪੌਦੇ ਵੰਡ ਕੇ ਗ੍ਰੀਨ ਦਿਵਾਲੀ ਮਨਾਉਣ ਦਾ ਦਿੱਤਾ ਸਨੇਹਾ



### ਐੱਸ.ਐੱਸ.ਪੀ ਵੱਲੋਂ ਲੋਕਾਂ ਨੂੰ ਗ੍ਰੀਨ ਦਿਵਾਲੀ ਮਨਾਉਣ ਦੀ ਕੀਤੀ ਅਪੀਲ

ਸ੍ਰੀ ਮੁਕਤਸਰ ਸਾਹਿਬ (                    ) ਮਾਨਯੋਗ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਤਿਉਹਾਰਾਂ ਨੂੰ ਮੁੱਖ ਰੱਖਦਿਆਂ ਜਿਲ੍ਹਾਂ ਵਿੱਚ ਅਮਨ ਕੱਨੂੰਨ ਦੀ ਸਥਿਤੀ ਨੂੰ ਬਰਕਾਰਾਰ ਰੱਖਣ ਲਈ ਯੋਗ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਉੱਥੇ ਹੀ ਜਿਲ੍ਹਾਂ ਵਿੱਚ ਐਸ.ਐਸ.ਪੀ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕੇ ਪਟਾਕੇ ਨਾ ਚਲਾ ਕੇ ਪ੍ਰਦੂਸ਼ਣ ਰਹਿਤ, ਗ੍ਰੀਨ ਦਿਵਾਲੀ ਮਨਾਈ ਜਾਵੇ। ਇਸੇ ਤਹਿਤ ਹੀ ਸ੍ਰੀ ਕੰਵਲਪ੍ਰੀਤ ਸਿੰਘ ਚਾਹਲ ਐਸ.ਪੀ (ਐਚ) ਦੀ ਨਿਗਰਾਨੀ ਹੇਠ ਸ੍ਰੀ ਅਮਨਦੀਪ ਸਿੰਘ ਡੀ.ਐਸ.ਪੀ (ਐੱਚ) ਸ੍ਰੀ ਮੁਕਤਸਰ ਸਾਹਿਬ ਵੱਲੋਂ ਸਾਂਝ ਪੁਲਿਸ ਮੁਲਾਜਮਾਂ ਨਾਲ ਮਿਲ ਕੇ ਖ਼ੁੱਦ, ਦਫਤਰ ਸੀਨੀਅਰ ਕਪਤਾਨ ਪੁਲਿਸ ਸ੍ਰੀ ਮੁਕਤਸਰ ਸਾਹਿਬ ਦੇ ਬਾਹਰ ਸੜਕ ਪਰ ਹਰੇ ਫੁੱਲਦਾਰ ਅਤੇ ਫੱਲਦਾਰ ਬੂਟੇ ਆਮ ਪਬਲਿਕ ਵਿੱਚ ਫ੍ਰੀ ਵੰਡ ਕੇ ਪਬਲਿਕ ਨੂੰ ਗ੍ਰੀਨ ਦਿਵਾਲੀ ਮਨਾਉਣ ਦਾ ਸੰਦੇਸ਼ ਦਿੱਤਾ।